***ਪ੍ਰੈਸ ਨੋਟ***
***(ਫਿਰੋਜ਼ਪੁਰ ਪੁਲਿਸ)***

**ਮਿਤੀ 18 ਅਕਤੂਬਰ 2023**

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਪਰਮਜੀਤ ਸਿੰਘ ਉਰਫ ਪੰਮਾ ਪੁੱਤਰ ਤਾਰਾ ਸਿੰਘ ਵਾਸੀ ਰੁਕਣੇ ਵਾਲਾ ਥਾਣਾ ਮੱਲਾਂਵਾਲਾ ਜਿਲ੍ਹਾ ਫਿਰੋਜ਼ਪੁਰ ਦੀ **25,00,000/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 **ਤਹਿਤ ਫਰੀਜ਼ ਕਰਵਾਈ ਗਈ ਹੈ**, **14 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ, ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਅਟੈਚ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

**ਜਿਲਾਂ ਪੁਲਿਸ ਫਿਰੋਜ਼ਪੁਰ ਵੱਲੋ** ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਪਰਮਜੀਤ ਸਿੰਘ ਉਰਫ ਪੰਮਾ ਉਕਤ ਤੋਂ 1350 Tramadol hiydrochloride tablets ਬਰਾਮਦ ਹੋਣ ਤੇ ਇਸ ਦੇ ਖਿਲਾਫ ਮੁਕੱਦਮਾ ਨੰ. 02 ਮਿਤੀ 02.01.2021 ਅ/ਧ 21/22 ਐਨ.ਡੀ.ਪੀ.ਐਸ ਐਕਟ ਥਾਣਾ ਸਦਰ ਮੋਗਾ, ਜਿਲਾਂ ਮੋਗਾ ਵਿੱਚ ਦਰਜ ਰਜਿਸਟਰ ਹੋਇਆਂ ਸੀ। ਇਹ ਮੁਕੱਦਮਾ **ਮਾਨਯੋਗ ਅਦਾਲਤ ਵਿੱਚ ਜੇਰੇ ਸਮਾਇਤ ਅਦਾਲਤ ਹੈ।** ਪਰਮਜੀਤ ਸਿੰਘ ਉਰਫ ਪੰਮਾ ਦਾ ਪਿੰਡ ਰੁਕਣੇ ਵਾਲਾ ਵਿੱਚ ਬਣਿਆ 7.5 ਮਰਲੇ ਦਾ ਮਕਾਨ ਜਿਸ ਦੀ ਕੀਮਤ **25,00,000/-** ਰੁਪਏ ਸੀ, ਇਸ ਤਰਾਂ ਗੈਰ ਕਾਨੂੰਨੀ ਜਾਇਦਾਦ ਨੂੰ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਇਆ ਗਿਆ ਹੈ, ਇਹਨਾਂ ਹੁਕਮਾ ਤਹਿਤ **ਅੱਜ ਮਿਤੀ 18-10-2023 ਨੂੰ ਹਲਕਾ ਡੀ.ਐੱਸ.ਪੀ ਜੀਰਾ, ਮੁੱਖ ਅਫਸਰ ਮੱਲਾਂਵਾਲਾ, ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ ਪਰਮਜੀਤ ਸਿੰਘ ਉਰਫ ਪੰਮਾ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।**



**ਪਰਮਜੀਤ ਸਿੰਘ ਉਰਫ ਪੰਮਾ**




**ਇਸ ਤਰਾਂ ਸਾਲ 2023 ਦੌਰਾਨ ਨਸ਼ਾ ਤਸਕਰਾ ਵੱਲੋਂ** ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ **ਨਜਾਇਜ ਸਾਧਨਾਂ ਰਾਹੀ ਬਣਾਈ** ਗਈ **16 ਕੇਸਾਂ ਦੀ ਕੁੱਲ 7,93,36,450/- ਰੁਪਏ ਦੀ** ਗੈਰ ਕਾਨੂੰਨੀ ਜਾਇਦਾਦ **ਨੂੰ ਫਰੀਜ਼ ਕਰਵਾਈ ਜਾ ਚੁੱਕੀ ਹੈ।** ਜਿਸ ਕਰਕੇ ਸਬੰਧਿਤ ਨਸ਼ਾ ਤਸਕਰ ਹੁਣ ਇਸ ਗੈਰ-ਕਾਨੂੰਨੀ ਜਾਇਦਾਦ ਨੂੰ ਕਿਸੇ ਵੀ ਵਿਅਕਤੀ ਨੂੰ ਵੇਚ/ਟਰਾਂਸਫਰ ਨਹੀ ਕਰ ਸਕਦੇ।

**14 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ।

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਜਬਤ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।